# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 14-12-2024**

- ਉਪ-ਰਾਸ਼ਟਰਪਤੀ  ਜਗਦੀਪ ਧਨਖੜ ਨੇ ਕਿਹਾ ਏ ਕਿ ਭਾਰਤੀ ਲੋਕਤੰਤਰ, ਪ੍ਰਗਟਾਵੇ ਅਤੇ ਸੰਵਾਦ ਦੇ ਸੰਤੁਲਨ 'ਤੇ ਕੇਂਦਰਿਤ ਹੋਣਾ ਚਾਹੀਦਾ ਏ।
- ਪੰਜਾਬ ਰਾਜ ਮਹਿਲਾ ਕਮਿਸ਼ਨ ਦੀ ਚੇਅਰਪਰਸਨ, ਰਾਜ ਲਾਲੀ ਗਿੱਲ ਨੇ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੂੰ, ਰਾਜਨੀਤਿਕ ਪਾਰਟੀ ਨੇਤਾ ਬੀਬੀ ਜਗੀਰ ਕੌਰ ਖਿਲਾਫ ਅਪਮਾਨਜਨਕ ਟਿੱਪਣੀ ਅਤੇ ਭਾਸ਼ਾ ਦੀ ਵਰਤੋਂ ਦੇ ਮਾਮਲੇ ਵਿੱਚ ਨੋਟਿਸ ਜਾਰੀ ਕੀਤਾ  ।
- ਪੰਜਾਬ ਵਿੱਚ ਕੌਮੀ ਲੋਕ ਅਦਾਲਤਾਂ ਵਲੋਂ ਆਪਸੀ ਸਮਝੌਤੇ ਰਾਹੀਂ ਝਗੜਿਆਂ ਦਾ ਨਿਪਟਾਰਾ ਕਰਨ ਲਈ, ਸਾਢੇ 3 ਲੱਖ ਤੋਂ ਵੱਧ ਮਾਮਲਿਆਂ ਦੀ ਸੁਣਵਾਈ ਕੀਤੀ ਗਈ।

- ਮੌਸਮ ਵਿਭਾਗ ਨੇ ਕਿਹਾ ਅਗਲੇ ਦੋ ਦਿਨਾਂ ਦੌਰਾਨ, ਪੰਜਾਬ, ਹਰਿਆਣਾ ਤੇ ਚੰਡੀਗੜ੍ਹ ਸਮੇਤ ਉੱਤਰ-ਪੱਛਮ ਅਤੇ ਮੱਧ ਭਾਰਤ ਵਿੱਚ ਵਿੱਚ ਸੀਤ ਲਹਿਰ ਜਾਰੀ ਰਹੇਗੀ ।

---------------------------------------------------------

ਉਪ-ਰਾਸ਼ਟਰਪਤੀ ਜਗਦੀਪ ਧਨਖੜ ਨੇ ਕਿਹਾ ਏ ਕਿ ਭਾਰਤੀ ਲੋਕਤੰਤਰ, ਪ੍ਰਗਟਾਵੇ ਅਤੇ ਸੰਵਾਦ ਦੇ ਸੰਤੁਲਨ 'ਤੇ ਕੇਂਦਰਿਤ ਹੋਣਾ ਚਾਹੀਦਾ ਏ । ਉਨ੍ਹਾਂ ਇਸ ਗੱਲ 'ਤੇ ਵੀ ਜ਼ੋਰ ਦਿੱਤਾ ਕਿ ਲੋਕਤੰਤਰ ਸਿਰਫ਼ ਪ੍ਰਣਾਲੀਆਂ 'ਤੇ ਹੀ ਨਹੀਂ ਸਗੋਂ ਬੁਨਿਆਦੀ ਕਦਰਾਂ-ਕੀਮਤਾਂ 'ਤੇ ਵੀ ਵਿਕਸਤ ਹੁੰਦਾ ਏ । ਉਪ ਰਾਸ਼ਟਰਪਤੀ ਅੱਜ ਨਵੀਂ ਦਿੱਲੀ ਵਿੱਚ ਭਾਰਤੀ ਡਾਕ ਅਤੇ ਦੂਰਸੰਚਾਰ ਲੇਖਾ ਅਤੇ ਵਿੱਤ ਸੇਵਾ ਦੇ 50ਵੇਂ ਸਥਾਪਨਾ ਦਿਵਸ ਪ੍ਰੋਗਰਾਮ ਨੂੰ ਸੰਬੋਧਨ ਕਰ ਰਹੇ ਸਨ । ਉਨ੍ਹਾਂ ਕਿਹਾ ਕਿ ਪ੍ਰਗਟਾਵੇ ਅਤੇ ਸੰਚਾਰ ਇਕ ਦੂਜੇ ਦੇ ਪੂਰਕ ਨੇ ਅਤੇ ਦੋਵਾਂ ਵਿਚ ਇਕਸੁਰਤਾ, ਸਫਲਤਾ ਦੀ ਕੁੰਜੀ ਏ ।

---------------------------------------------------------

ਪੰਜਾਬ ਰਾਜ ਮਹਿਲਾ ਕਮਿਸ਼ਨ ਦੀ ਚੇਅਰਪਰਸਨ, ਰਾਜ ਲਾਲੀ ਗਿੱਲ

ਵੱਲੋਂ ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੂੰ ਕਮੇਟੀ ਦੀ ਸਾਬਕਾ ਪ੍ਰਧਾਨ ਅਤੇ ਇੱਕ ਰਾਜਨੀਤਿਕ ਪਾਰਟੀ ਦੀ ਨੇਤਾ ਬੀਬੀ ਜਗੀਰ ਕੋਰ ਖਿਲਾਫ ਬਹੁਤ ਹੀ ਅਪਮਾਨਜਨਕ ਟਿੱਪਣੀ ਅਤੇ ਭਾਸ਼ਾ ਦੀ ਵਰਤੋਂ ਦੇ ਮਾਮਲੇ ਵਿੱਚ ਨੋਟਿਸ ਜਾਰੀ ਕੀਤਾ ਗਿਆ ਏ। ਕਮਿਸ਼ਨ ਵੱਲੋਂ ਔਰਤਾਂ ਖਿਲਾਫ ਕੀਤੀ ਗਈ ਅਪਮਾਨਜਨਕ ਟਿੱਪਣੀ ਨੂੰ, ਬੜੀ ਹੀ ਗੰਭੀਰਤਾ ਨਾਲ ਵਿਚਾਰਿਆ ਗਿਆ ਏ ਅਤੇ ਕਮਿਸ਼ਨ ਇਹ ਯਕੀਨੀ ਬਣਾਉਣ ਲਈ ਵਚਨਬੱਧ ਏ, ਕਿ ਪੰਜਾਬ ਵਿੱਚ ਔਰਤਾਂ ਦੇ ਅਧਿਕਾਰ, ਮਾਣ ਅਤੇ ਰੁਤਬੇ ਦੀ ਸੁਰੱਖਿਆ ਹੋਵੇ। ਚੇਅਰਪਰਸਨ ਵੱਲੋਂ ਦੱਸਿਆ ਗਿਆ ਕਿ ਸੋਸ਼ਲ ਮੀਡੀਆ ਰਾਹੀਂ, ਕਮਿਸ਼ਨ ਦੇ ਧਿਆਨ ਵਿੱਚ ਆਇਆ ਏ ਕਿ ਸ੍ਰੀ ਧਾਮੀ ਵੱਲੋਂ ਇੱਕ ਪੱਤਰਕਾਰ ਨਾਲ ਟੈਲੀਫੋਨ ‘ਤੇ ਗੱਲਬਾਤ ਦੌਰਾਨ, ਉਨ੍ਹਾਂ ਵੱਲੋਂ ਔਰਤ ਭਾਈਚਾਰੇ ਦੀ ਇੱਕ ਮੈਂਬਰ, ਬੀਬੀ ਜਗੀਰ ਕੋਰ ਨੂੰ ਸੰਬੋਧਨ ਕਰਦੇ ਸਮੇਂ, ਬਹੁਤ ਹੀ ਅਪਮਾਨਜਨਕ ਅਤੇ ਅਣਮਨੁੱਖੀ ਸ਼ਬਦਾਂ ਦੀ ਵਰਤੋਂ ਕੀਤੀ ਗਈ ਏ। ਅਜਿਹੀ ਭਾਸ਼ਾ ਅਤੇ ਟਿੱਪਣੀ ਨਾ ਸਿਰਫ ਇੱਕ ਵਿਅਕਤੀਗਤ ਔਰਤ ਬਲਕਿ ਸਮੁੱਚੀ ਔਰਤ ਜਾਤੀ ਦਾ ਵੀ ਨਿਰਾਦਰ

ਕਰਦੀ ਏ। ਅਜਿਹੇ ਮਾਮਲੇ ਵਿੱਚ ਅਜਿਹੀ ਅਪਮਾਨਜਨਕ ਭਾਸ਼ਾ ਅਤੇ ਟਿੱਪਣੀ ਦੀ ਵਰਤੋਂ, ਉਨ੍ਹਾਂ ਦੇ ਸ੍ਰੀ ਧਾਮੀ ਦੇ ਅਹੁਦੇ ਲਈ ਅਣਉਚਿਤ ਅਤੇ ਸਮਾਜ ਨੂੰ ਇੱਕ ਨੁਕਸਾਨਦੇਹ ਸੰਦੇਸ਼ ਦਿੰਦੀ ਏ। ਪੰਜਾਬ ਰਾਜ ਮਹਿਲਾ ਕਮਿਸ਼ਨ ਦੀ ਚੇਅਰਪਰਸਨ, ਰਾਜ ਲਾਲੀ ਗਿੱਲ ਨੇ ਕਿਹਾ।

**Byte:**

ਮਹਿਲਾ ਕਮਿਸ਼ਨ ਨੇ ਨੋਟਿਸ ਜਾਰੀ ਹੋਣ ਦੀ ਮਿਤੀ ਤੋਂ 4 ਦਿਨਾਂ ਦੇ ਅੰਦਰ ਮਿਤੀ 17 ਦਸੰਬਰ ਤੱਕ ਉਕਤ ਆਡੀਓ ਰਿਕਾਰਡਿੰਗ ਸਬੰਧੀ, ਸ੍ਰੀ ਧਾਮੀ ਨੂੰ ਆਪਣਾ ਲਿਖਤੀ ਸਪਸ਼ਟੀਕਰਨ ਅਤੇ ਬਿਆਨ ਕਮਿਸ਼ਨ ਦੇ ਦਫਤਰ ਵਿਖੇ ਹਾਜਰ ਹੋ ਕੇ ਦੇਣ ਲਈ ਕਿਹਾ ਏ। ਓਧਰ ਹਰਜਿੰਦਰ ਸਿੰਘ ਧਾਮੀ ਵੱਲੋਂ ਬੀਬੀ ਜਗੀਰ ਕੌਰ ਬਾਰੇ, ਦਿੱਤੇ ਗਏ ਅਪਮਾਨਜਨਕ ਬਿਆਨ ਦੀ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਨੇ ਨਿਖੇਧੀ ਕੀਤੀ ਏ। ਉਨ੍ਹਾਂ ਕਮੇਟੀ ਪ੍ਰਧਾਨ ਧਾਮੀ ਦੇ ਅਸਤੀਫੇ ਦੀ ਮੰਗ ਕਰਦਿਆਂ, ਮਹਿਲਾ ਕਮਿਸ਼ਨ ਅੱਗੇ ਪੇਸ਼ ਹੋਣ ਤੋਂ ਪਹਿਲਾਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਦੇ ਅਹੁਦੇ ਤੋਂ ਅਸਤੀਫਾ ਦੇਣ ਲਈ ਕਿਹਾ ਏ।

---

ਪੰਜਾਬ ਪੁਲਿਸ ਨੇ ਖਾਲਿਸਤਾਨ ਜ਼ਿੰਦਾਬਾਦ ਫੋਰਸ ਦੇ ਤਿੰਨ ਮੈਂਬਰਾਂ ਦੀ ਗ੍ਰਿਫਤਾਰੀ ਦੇ ਨਾਲ, 2 ਦਸੰਬਰ ਨੂੰ ਨਵਾਂਸ਼ਹਿਰ ਵਿੱਚ ਪੁਲਿਸ ਚੌਕੀ ਆਸਰੋਨ ਵਿਖੇ ਹੈਂਡਗ੍ਰੇਨੇਡ ਹਮਲੇ ਨਾਲ ਸਬੰਧਤ ਇੱਕ ਮਾਮਲੇ ਨੂੰ ਸਫਲਤਾ-ਪੂਰਵਕ ਸੁਲਝਾਇਆ ਏ। ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਦਸਿਆ ਕਿ ਗ੍ਰਿਫਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਯੁਗਪ੍ਰੀਤ ਸਿੰਘ ਉਰਫ਼ ਯੁਵੀ, ਜਸਕਰਨ ਸਿੰਘਾਲਿਆਸ ਸ਼ਾਹ ਅਤੇ ਹਰਜੋਤ ਸਿੰਘ ਉਰਫ਼ ਜੋਤ ਵਜੋਂ ਹੋਈ ਏ। ਉਨ੍ਹਾਂ ਦਸਿਆ ਕਿ ਪੁਲਿਸ ਟੀਮਾਂ ਨੇ ਇਨ੍ਹਾਂ ਦੇ ਕਬਜ਼ੇ 'ਚੋਂ 2 ਹਥਿਆਰਾਂ ਸਮੇਤ ਛੇ ਜਿੰਦਾ ਕਾਰਤੂਸ ਵੀ ਬਰਾਮਦ ਕੀਤੇ ਨੇ। ਦੋਸ਼ੀ ਜਰਮਨੀ, ਬਰਤਾਨੀਆ ਅਤੇ ਹੋਰ ਦੇਸ਼ਾਂ ਦੇ ਸੰਚਾਲਕਾਂ ਵਲੋਂ ਚਲਾਏ ਜਾ ਰਹੇ ਖਾਲਿਸਤਾਨ ਜ਼ਿੰਦਾਬਾਦ ਫੋਰਸ ਮਾਡਿਊਲ ਦੇ ਮੈਂਬਰ ਨੇ ਅਤੇ ਉਨ੍ਹਾਂ ਨੂੰ, ਪੰਜਾਬ ਅਤੇ ਹਰਿਆਣਾ ਵਿੱਚ ਪੁਲਿਸ ਅਦਾਰਿਆਂ ਅਤੇ ਘੱਟ ਗਿਣਤੀ ਨੇਤਾਵਾਂ ਨੂੰ ਨਿਸ਼ਾਨਾ ਬਣਾਉਣ ਦਾ ਕੰਮ ਸੌਂਪਿਆ ਗਿਆ ਸੀ। ਮਾਡਿਊਲ ਨੂੰ ਪਿਛਲੇ ਛੇ ਮਹੀਨਿਆਂ ਵਿੱਚ ਸਾਢੇ 4 ਲੱਖ ਰੁਪਏ ਦੀ ਫੰਡਿੰਗ ਪ੍ਰਾਪਤ ਹੋਈ ਏ।

---------------------------------------------------------------

ਅੰਮ੍ਰਿਤਸਰ ਰੇਲਵੇ ਪੁਲਿਸ ਨੇ, ਨਵੇਂ ਸਾਲ ਤੇ ਕ੍ਰਿਸਮਸ ਦੇ ਤਿਉਹਾਰ ਨੂੰ ਲੈ ਕੇ ਰੇਲਵੇ ਸਟੇਸ਼ਨ ਤੇ ਚੈਕਿੰਗ ਦੌਰਾਨ ਇੱਕ ਨੌਜਵਾਨ ਨੂੰ ਚਾਰ ਪਿਸਤੌਲਾਂ ਅਤੇ 14 ਅਣਚਲੇ ਰੋਂਦ ਸਮੇਤ ਕਾਬੂ ਕੀਤਾ ਏ। ਉਨ੍ਹਾਂ ਦੱਸਿਆ ਕਿ ਫੜੇ ਗਏ ਵਿਅਕਤੀ ਦੀ ਪਛਾਣ ਕੈਪਟਨ ਉਰਫ ਬੂਰਾ ਵਜੋਂ ਹੋਈ ਏ, ਉਨ੍ਹਾਂ ਕਿਹਾ ਕਿ ਇਸ ਦਾ ਇੱਕ ਹੋਰ ਸਾਥੀ ਫਰਾਰ ਏ, ਜਿਸਨੂੰ ਫੜਨ ਲਈ ਛਾਪੇਮਾਰੀ ਕੀਤੀ ਜਾ ਰਹੀ ਏ। ਉਸ ਦੇ ਖਿਲਾਫ ਮਾਮਲੇ ਦਰਜ ਨੇ। ਪੁਲਿਸ ਅਧਿਕਾਰੀ ਬਲਬੀਰ ਸਿੰਘ ਘੁੰਮਣ ਨੇ ਦੱਸਿਆ ਕਿ ਇਸ ਨੂੰ ਅਦਾਲਤ ਵਿੱਚ ਪੇਸ਼ ਕਰ ਇੱਕ ਦਿਨ ਦਾ ਰਿਮਾਂਡ ਹਾਸਿਲ ਕੀਤਾ ਗਿਆ ਏ। ਰਿਮਾਂਡ ਦੌਰਾਨ ਹੋਰ ਵੀ ਖੁਲਾਸੇ ਹੋਣ ਦੀ ਸੰਭਾਵਨਾ ਏ।

---------------------------------------------------------------

ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਜੱਜ ਅਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਕਾਰਜਕਾਰੀ ਚੇਅਰਮੈਨ ਜਸਟਿਸ ਗੁਰਮੀਤ ਸਿੰਘ ਸੰਧਾਵਾਲੀਆ ਦੀ ਅਗਵਾਈ ਹੇਠ ਅੱਜ ਸੂਬੇ ਭਰ ਵਿੱਚ

ਕੌਮੀ ਲੋਕ ਅਦਾਲਤ ਲਗਾਈ ਗਈ । ਇਸ ਲੋਕ ਅਦਾਲਤ ਵਿੱਚ ਕੁੱਲ 365 ਬੈਂਚਾਂ ਵਿੱਚ ਲੱਗਭਗ 3 ਲੱਖ 54 ਹਜ਼ਾਰ ਮਾਮਲੇ ਸੁਣਵਾਈ ਲਈ ਪੇਸ਼ ਹੋਏ। ਇਸ ਲੋਕ ਅਦਾਲਤ ਵਿਚ ਦੀਵਾਨੀ, ਘਰੇਲੂ ਝਗੜੇ, ਜਾਇਦਾਦ ਦੇ ਝਗੜਿਆਂ, ਚੈੱਕ ਬਾਊਂਸ ਦੇ ਮਾਮਲੇ, ਮਜ਼ਦੂਰੀ ਸਬੰਧੀ ਮਾਮਲੇ ਅਤੇ ਲੰਬੇ ਸਮੇਂ ਤੋਂ ਬਕਾਇਆ ਮਾਮਲਿਆਂ ’ਤੇ ਸੁਣਵਾਈ ਕੀਤੀ ਗਈ। ਇਸ ਮੌਕੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਮੈਂਬਰ ਸਕੱਤਰ ਮਨਜਿੰਦਰ ਸਿੰਘ ਨੇ ਦੱਸਿਆ ਕਿ ਇਸ ਕੌਮੀ ਲੋਕ ਅਦਾਲਤ ਦਾ ਮੁੱਖ ਮੰਤਵ ਆਪਸੀ ਸਮਝੌਤੇ ਰਾਹੀਂ ਝਗੜਿਆਂ ਦਾ ਨਿਪਟਾਰਾ ਕਰਵਾਉਣਾ ਏ। ਲੋਕਾਂ ਨੂੰ ਵਿਕਲਪੀ ਝਗੜਾ ਨਿਵਾਰਣ ਕੇਂਦਰਾਂ ਰਾਹੀਂ ਝਗੜਿਆਂ ਦਾ ਨਿਪਟਾਰਾ ਕਰਵਾਉਣਾ ਚਾਹੀਦਾ ਏ ਕਿਉਂ ਜੋ ਇਸ ਨਾਲ ਲੋਕਾਂ ਦੇ ਕੀਮਤੀ ਸਮੇਂ ਅਤੇ ਪੈਸੇ ਦੀ ਬੱਚਤ ਹੁੰਦੀ ਏ। ਮੈਂਬਰ ਸਕੱਤਰ ਨੇ ਦੱਸਿਆ ਕਿ ਕੌਮੀ ਕਾਨੂੰਨੀ ਸੇਵਾਵਾਂ ਅਥਾਰਟੀ ਨਵੀਂ ਦਿੱਲੀ ਵੱਲੋਂ ਸੂਬੇ ਭਰ ਵਿੱਚ ਮੁਫ਼ਤ ਕਾਨੂੰਨੀ ਸਹਾਇਤਾ ਹੈਲਪਲਾਈਨ ਨੰਬਰ 15100 ਚਾਲੂ ਕੀਤਾ ਗਿਆ ਏ ,ਜਿਸ ਨਾਲ ਹਰ ਲੋੜਵੰਦ ਵਿਅਕਤੀ ਘਰ ਬੈਠੇ ਹੀ ਮੁਫਤ ਕਾਨੂੰਨੀ ਸਹਾਇਤਾ ਸਬੰਧੀ ਹਰ ਤਰ੍ਹਾਂ

ਦੀ ਜਾਣਕਾਰੀ ਪ੍ਰਾਪਤ ਕਰ ਸਕਦਾ ਏ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਲੋਕ ਅਦਾਲਤਾਂ ਵਿਚ ਆਪਣੇ ਮਾਮਲਿਆਂ ਦਾ ਫੈਸਲਾ ਕਰਵਾ ਕੇ ਵੱਧ ਤੋਂ ਵੱਧ ਲਾਭ ਪ੍ਰਾਪਤ ਕਰਨ। ਏਧਰ ਕਪੂਰਥਲਾ ਦੇ ਮੁਖ ਨਿਆਂਇਕ ਮੈਜਿਸਟ੍ਰੇਟ ਅਤੇ ਜ਼ਿਲਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਸਕੱਤਰ ਰਾਜਵੰਤ ਕੌਰ ਨੇ ਦੱਸਿਆ।

---------------------------------------------------------------

ਪੰਜਾਬ ਵਿੱਚ, ਪ੍ਰਦਰਸ਼ਨਕ ਕਰ ਰਹੇ ਕਿਸਾਨਾਂ ਨੇ ਅੱਜ ਇੱਕ ਵਾਰ ਫਿਰ, ਆਪਣਾ 'ਦਿੱਲੀ ਚਲੋ' ਮਾਰਚ ਇੱਕ ਦਿਨ ਲਈ ਮੁਲਤਵੀ ਕਰ ਦਿੱਤਾ। ਅਜਿਹਾ ਹਰਿਆਣਾ ਪੁਲਿਸ ਵਲੋਂ ਮਜਬੂਰ ਹੋਕੇ ਅੱਥਰੂ ਗੈਸ ਅਤੇ ਪਾਣੀ ਦੀਆਂ ਬੁਛਾਰਾਂ ਦੀ ਵਰਤੋਂ ਕਰਨ ਨਾਲ ਕਥਿਤ ਤੌਰ 'ਤੇ ਜ਼ਖਮੀ ਹੋਏ ਕੁਝ ਕਿਸਾਨਾਂ ਕਰਕੇ ਕੀਤਾ ਗਿਆ। ਇਸ ਤੋਂ ਪਹਿਲਾਂ ਹਰਿਆਣਾ ਪੁਲਿਸ ਨੇ ਕਿਸਾਨਾਂ ਨੂੰ ਬੇਨਤੀ ਕੀਤੀ ਸੀ ਕਿ ਜੇਕਰ ਉਹ, ਦਿੱਲੀ ਜਾਣ ਲਈ ਲੋੜੀਂਦੀ ਸਰਕਾਰੀ ਇਜਾਜ਼ਤ ਦਿਖਾਉਂਦੇ ਨੇ, ਤਾਂ ਉਨ੍ਹਾਂ ਨੂੰ ਨਵੀਂ ਦਿੱਲੀ ਜਾਣ ਤੋਂ ਨਹੀਂ ਰੋਕਿਆ ਜਾਵੇਗਾ ਇਸੇ ਦੌਰਾਨ ਖਨੌਰੀ ਸਰਹੱਦ ’ਤੇ ਪਿਛਲੇ 18 ਦਿਨਾਂ ਤੋਂ ਮਰਨ ਵਰਤ ’ਤੇ

ਬੈਠੇ ਕਿਸਾਨ ਆਗੂ, ਜਗਜੀਤ ਸਿੰਘ ਡੱਲੇਵਾਲ ਦੀ ਡਾਕਟਰੀ ਸਹਾਇਤਾ ਯਕੀਨੀ ਬਣਾਉਣ ਲਈ, ਪੰਜਾਬ ਅਤੇ ਕੇਂਦਰ ਨੂੰ ਸੁਪਰੀਮ ਕੋਰਟ ਦੇ ਨਿਰਦੇਸ਼ਾਂ ਦੇ ਮੱਦੇਨਜ਼ਰ, ਅੱਜ ਪਟਿਆਲਾ ਦੀ ਡਿਪਟੀ ਕਮਿਸ਼ਨਰ ਪ੍ਰੀਤੀ ਯਾਦਵ ਅਤੇ ਜ਼ਿਲ੍ਹਾ ਪੁਲਿਸ ਮੁਖੀ ਨਾਨਕ ਸਿੰਘ ਨੇ, ਜਗਜੀਤ ਡੱਲੇਵਾਲ ਨਾਲ ਮੁਲਾਕਾਤ ਕੀਤੀ। ਨਾਨਕ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੇ ਡੱਲੇਵਾਲ ਨੂੰ ਮਰਨ ਵਰਤ ਖਤਮ ਕਰਨ ਲਈ ਬੇਨਤੀ ਕੀਤੀ, ਪਰ ਡੱਲੇਵਾਲ ਸਹਿਮਤ ਨਹੀਂ ਹੋਏ। ਦੂਜੇ ਪਾਸੇ ਡੱਲੇਵਾਲ ਨੇ ਸੁਪਰੀਮ ਕੋਰਟ ਨੂੰ ਅਪੀਲ ਕੀਤੀ ਏ ਕਿ ਉਹ ਸਰਕਾਰ ਨੂੰ ਕਿਸਾਨਾਂ ਦੀਆਂ ਮੰਗਾਂ ਪੂਰੀਆਂ ਕਰਨ ਲਈ ਕਹਿਣ। ਇਸ ਦੌਰਾਨ ਸਾਡੇ ਪਟਿਆਲਾ ਵਾਲੇ ਪਤਰਕਾਰ ਰਾਓ ਵਰਿੰਦਰ ਨੇ, ਕਿਸਾਨ ਆਗੂ ਸਰਵਨ ਸਿੰਘ ਪੰਧੇਰ ਦੇ ਹਵਾਲੇ ਨਾਲ ਦਸਿਆ ਕਿ ਹੁਣ 18 ਦਸੰਬਰ ਨੂੰ, ਦੁਪਹਿਰ 12 ਵਜੇ ਤੋਂ ਲੈਕੇ 3 ਵਜੇ ਤੱਕ ਪੂਰੇ ਪੰਜਾਬ ਚ ਰੇਲਾਂ ਰੋਕੀਆਂ ਜਾਣਗੀਆਂ। ਜ਼ਿਕਰਯੋਗ ਏ ਕਿ ਇਸਤੋਂ ਪਹਿਲਾ ਪੰਜਾਬ ਨੂੰ ਛੱਡ ਬਾਕੀ ਸਾਰੇ ਦੇਸ਼ ਚ ਕਿਸਾਨਾਂ ਨੇ 16 ਦਸੰਬਰ ਨੂੰ ਟਰੈਕਟਰ ਮਾਰਚ ਕੱਢਣ ਦਾ ਐਲਾਨ ਪਹਿਲਾਂ ਤੋਂ ਹੀ ਕੀਤਾ ਜਾ ਚੁੱਕਾ ਏ। ਫਸਲਾਂ ਲਈ ਘੱਟੋ-ਘੱਟ ਸਮਰਥਨ

ਮੁੱਲ ਦੀ ਕਾਨੂੰਨੀ ਗਾਰੰਟੀ ਅਤੇ ਕਰਜ਼ਾ ਮੁਆਫੀ ਸਮੇਤ ਆਪਣੀਆਂ ਲੰਬੇ ਸਮੇਂ ਤੋਂ ਬਕਾਇਆ ਮੰਗਾਂ ਨੂੰ ਪੂਰਾ ਕਰਵਾਉਣ ਲਈ ਕਿਸਾਨ 13 ਫਰਵਰੀ ਤੋਂ ਪੰਜਾਬ ਅਤੇ ਹਰਿਆਣਾ ਦਰਮਿਆਨ ਸ਼ੰਭੂ ਅਤੇ ਖਨੌਰੀ ਸਰਹੱਦੀ ਪੁਆਇੰਟਾਂ 'ਤੇ ਪ੍ਰਦਰਸ਼ਨ ਕਰ ਰਹੇ ਨੇ ।

---------------------------------------------------------------

ਮੌਸਮ ਵਿਭਾਗ ਨੇ ਕਿਹਾ ਏ ਕਿ ਉੱਤਰ-ਪੱਛਮ ਅਤੇ ਮੱਧ ਭਾਰਤ ਵਿੱਚ ਅਗਲੇ ਦੋ ਤੋਂ ਤਿੰਨ ਦਿਨਾਂ ਤੱਕ ਸੀਤ ਲਹਿਰ ਦੀ ਸਥਿਤੀ ਬਣੀ ਰਹੇਗੀ । ਵਿਭਾਗ ਨੇ ਇਹ ਵੀ ਕਿਹਾ ਕਿ ਅਗਲੇ ਦੋ ਦਿਨਾਂ ਦੌਰਾਨ, ਜੰਮੂ-ਕਸ਼ਮੀਰ, ਲੱਦਾਖ, ਪੰਜਾਬ, ਹਰਿਆਣਾ, ਚੰਡੀਗੜ੍ਹ, ਰਾਜਸਥਾਨ, ਉੱਤਰ ਪ੍ਰਦੇਸ਼, ਮੱਧ ਪ੍ਰਦੇਸ਼ ਅਤੇ ਛੱਤੀਸਗੜ੍ਹ ਵਿੱਚ ਸੀਤ ਲਹਿਰ ਜਾਰੀ ਰਹੇਗੀ । ਮੌਸਮ ਵਿਭਾਗ ਦੇ ਨਿਦੇਸ਼ਕ ਸੁਰਿੰਦਰਪਾਲ ਨੇ ਦਸਿਆ ।

**BYTE:**

ਮੌਸਮ ਵਿਭਾਗ ਦੇ ਵਿਗਿਆਨੀ ਡਾ: ਸੋਮਾ ਸੇਨ ਰਾਏ ਨੇ ਦੱਸਿਆ ਕਿ ਪੱਛਮੀ ਗੜਬੜੀ ਕਾਰਨ ਉੱਤਰੀ ਭਾਰਤ ਦੇ ਤਾਪਮਾਨ ਵਿੱਚ ਅਚਾਨਕ

ਗਿਰਾਵਟ ਦਰਜ ਕੀਤੀ ਗਈ ਏ। ਰਾਸ਼ਟਰੀ ਰਾਜਧਾਨੀ ਦਿੱਲੀ ਵਿੱਚ ਅੱਜ ਅਤੇ ਕੱਲ੍ਹ ਦੇਰ ਰਾਤ ਠੰਡੀ ਹਵਾ ਅਤੇ ਧੁੰਦ ਪੈਣ ਦੀ ਸੰਭਾਵਨਾ ਏ।

---

ਪੰਜਾਬ ਪਬਲਿਕ ਸਰਵਿਸ ਕਮਿਸ਼ਨ-PPSC ਨੇ ਪੰਜਾਬ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਵਿੱਚ 200 ਖੇਤੀਬਾੜੀ ਵਿਕਾਸ ਅਫਸਰਾਂ (ਗਰੁੱਪ ਏ) ਦੀ ਭਰਤੀ ਲਈ ਅੰਤਿਮ ਨਤੀਜਿਆਂ ਦਾ ਐਲਾਨ ਕੀਤਾ ਏ। ਇਹ ਨਤੀਜੇ 13 ਦਸੰਬਰ ਨੂੰ ਦੇਰ ਰਾਤ ਐਲਾਨੇ ਗਏ। ਪੀ.ਪੀ.ਐਸ.ਸੀ. ਦੇ ਚੇਅਰਮੈਨ ਜਤਿੰਦਰ ਸਿੰਘ ਔਲਖ ਨੇ ਦੱਸਿਆ ਕਿ 30 ਜੂਨ ਨੂੰ ਲਈ ਗਈ ਲਿਖਤੀ ਪ੍ਰੀਖਿਆ ਵਾਸਤੇ ਕੁੱਲ 6 ਹਜ਼ਾਰ 820 ਉਮੀਦਵਾਰਾਂ ਨੇ ਬਿਨੈ ਕੀਤਾ ਸੀ, ਜਿਸ ਦੇ ਮੁਕੰਮਲ ਨਤੀਜੇ ਤੇ ਸਾਂਝੀ ਮੈਰਿਟ ਸੂਚੀ ਅਤੇ ਕੈਟਾਗਰੀ ਵਾਈਜ਼ ਮੈਰਿਟ, ਕਮਿਸ਼ਨ ਦੀ ਅਧਿਕਾਰਤ ਵੈੱਬਸਾਈਟ ppsc.gov.in ਉਪਰ ਅਪਲੋਡ ਕੀਤੇ ਗਏ ਨੇ। ਚੇਅਰਮੈਨ ਨੇ ਕਿਹਾ ਕਿ ਭਰਤੀ ਪ੍ਰਕਿਰਿਆ ਪੂਰੀ ਤਰ੍ਹਾਂ ਨਿਰਪੱਖ ਅਤੇ ਨਿਰਪੱਖ ਢੰਗ ਨਾਲ ਕਰਵਾਈ ਗਈ, ਜਿਸ ਨਾਲ ਹਰ ਪੜਾਅ 'ਤੇ ਪਾਰਦਰਸ਼ਤਾ ਨੂੰ ਯਕੀਨੀ ਬਣਾਇਆ ਗਿਆ ਏ।

---

**ਆਖਿਰ 'ਚ ਖਾਸ ਖਬਰਾਂ ਇਕ ਵਾਰ ਫਿਰ ਤੋਂ**

- ਉਪ-ਰਾਸ਼ਟਰਪਤੀ ਜਗਦੀਪ ਧਨਖੜ ਨੇ ਕਿਹਾ ਏ ਕਿ ਭਾਰਤੀ ਲੋਕਤੰਤਰ, ਪ੍ਰਗਟਾਵੇ ਅਤੇ ਸੰਵਾਦ ਦੇ ਸੰਤੁਲਨ 'ਤੇ ਕੇਂਦਰਿਤ ਹੋਣਾ ਚਾਹੀਦਾ ਏ।
- ਪੰਜਾਬ ਰਾਜ ਮਹਿਲਾ ਕਮਿਸ਼ਨ ਦੀ ਚੇਅਰਪਰਸਨ, ਰਾਜ ਲਾਲੀ ਗਿੱਲ ਨੇ, ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੂੰ, ਰਾਜਨੀਤਿਕ ਪਾਰਟੀ ਨੇਤਾ ਬੀਬੀ ਜਗੀਰ ਕੌਰ ਖਿਲਾਫ ਅਪਮਾਨਜਨਕ ਟਿੱਪਣੀ ਅਤੇ ਭਾਸ਼ਾ ਦੀ ਵਰਤੋਂ ਦੇ ਮਾਮਲੇ ਵਿੱਚ ਨੋਟਿਸ ਜਾਰੀ ਕੀਤਾ ।
- ਪੰਜਾਬ ਵਿੱਚ ਕੌਮੀ ਲੋਕ ਅਦਾਲਤਾਂ ਵਲੋਂ ਆਪਸੀ ਸਮਝੌਤੇ ਰਾਹੀਂ ਝਗੜਿਆਂ ਦਾ ਨਿਪਟਾਰਾ ਕਰਨ ਲਈ, ਸਾਢੇ 3 ਲੱਖ ਤੋਂ ਵੱਧ ਮਾਮਲਿਆਂ ਦੀ ਸੁਣਵਾਈ ਕੀਤੀ ਗਈ।

- ਮੌਸਮ ਵਿਭਾਗ ਨੇ ਕਿਹਾ ਅਗਲੇ ਦੋ ਦਿਨਾਂ ਦੌਰਾਨ, ਪੰਜਾਬ, ਹਰਿਆਣਾ ਤੇ ਚੰਡੀਗੜ੍ਹ ਸਮੇਤ ਉੱਤਰ-ਪੱਛਮ ਅਤੇ ਮੱਧ ਭਾਰਤ ਵਿੱਚ ਵਿੱਚ ਸੀਤ ਲਹਿਰ ਜਾਰੀ ਰਹੇਗੀ।